**ਪ੍ਰਧਾਨ ਮੰਤਰੀ ਨੇ ਕੁਵੈਤ ਦੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕੀਤੀ**

22 ਦਸੰਬਰ, 2024

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਕੁਵੈਤ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼ੇਖ ਅਹਿਮਦ ਅਲ-ਅਬਦੁੱਲ੍ਹਾ ਅਲ-ਸਬਾਹ ਨਾਲ ਵਾਰਤਾ ਕੀਤੀ।

2. ਦੋਵੇਂ ਲੀਡਰਾਂ ਨੇ ਰਾਜੀਨੀਤਿਕ, ਵਪਾਰ, ਨਿਵੇਸ਼, ਊਰਜਾ, ਰੱਖਿਆ, ਸੁਰੱਖਿਆ, ਸਿਹਤ, ਸਿੱਖਿਆ, ਤਕਨਾਲੋਜੀ, ਸੱਭਿਆਚਾਰਕ ਅਤੇ ਲੋਕਾਂ ਵਿਚਕਾਰ ਆਪਸੀ ਸਬੰਧਾਂ ਸਹਿਤ ਖੇਤਰਾਂ ਵਿੱਚ ਰਣਨੀਤਕ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਦੇ ਲਈ ਰੋਡਮੈਪ ‘ਤੇ ਚਰਚਾ ਕੀਤੀ। ਉਨ੍ਹਾਂ ਨੇ ਦੋਹਾਂ ਦੇਸ਼ਾਂ ਦੇ ਵਿਚਕਾਰ ਆਰਥਿਕ ਸਹਿਯੋਗ ਨੂੰ ਗਹਿਰਾ ਕਰਨ ‘ਤੇ ਜ਼ੋਰ ਦਿੱਤਾ। ਪ੍ਰਧਾਨ ਮਤੰਰੀ ਨੇ ਕੁਵੈਤੀ ਨਿਵੇਸ਼ ਅਧਿਕਾਰੀਆਂ ਅਤੇ ਹੋਰ ਹਿਤਧਾਰਕਾਂ ਦੇ ਇੱਕ ਵਫ਼ਦ ਨੂੰ ਊਰਜਾ, ਰੱਖਿਆ, ਮੈਡੀਕਲ ਡਿਵਾਈਸਾਂ, ਫਾਰਮਾ, ਫੂਡ ਪਾਰਕਾਂ ਆਦਿ ਖੇਤਰਾਂ ਵਿੱਚ ਨਵੇਂ ਅਵਸਰਾਂ ਦੀ ਤਲਾਸ਼ ਦੇ ਲਈ ਭਾਰਤ ਆਉਣ ਦਾ ਸੱਦਾ ਦਿੱਤਾ। ਲੀਡਰਾਂ ਨੇ ਪਰੰਪਰਾਗਤ ਚਿਕਿਤਸਾ ਅਤੇ ਖੇਤੀਬਾੜੀ ਖੋਜ ਵਿੱਚ ਸਹਿਯੋਗ ‘ਤੇ ਭੀ ਚਰਚਾ ਕੀਤੀ। ਉਹਨਾਂ ਨੇ ਹਾਲ ਹੀ ਵਿੱਚ ਸੰਯੁਕਤ ਸਹਿਯੋਗ ਕਮਿਸ਼ਨ (JCC) ‘ਤੇ ਹਸਤਾਖਰ ਕੀਤੇ ਜਾਣ ਦਾ ਸੁਆਗਤ ਕੀਤਾ, ਜਿਸ ਦੇ ਤਹਿਤ ਸਿਹਤ, ਜਨਸ਼ਕਤੀ ਅਤੇ ਹਾਇਡ੍ਰੋਕਾਰਬਨ ‘ਤੇ ਮੌਜੂਦਾ ਸੰਯੁਕਤ ਕਾਰਜ ਸਮੂਹਾਂ ਦੇ ਇਲਾਵਾ ਵਪਾਰ, ਨਿਵੇਸ਼, ਸਿੱਖਿਆ, ਤਕਨਾਲੋਜੀ, ਖੇਤੀਬਾੜੀ, ਸੁਰੱਖਿਆ ਅਤੇ ਸੱਭਿਆਚਾਰ ਦੇ ਖੇਤਰਾਂ ਵਿੱਚ ਨਵੇਂ ਸੰਯੁਕਤ ਕਾਰਜ ਸਮੂਹਾਂ ਦੀ ਸਥਾਪਨਾ ਕੀਤੀ ਗਈ ਹੈ।

3. ਵਾਰਤਾ ਦੇ ਬਾਅਦ ਦੋਵੇਂ ਲੀਡਰਾਂ ਨੇ ਦੁਵੱਲੇ ਸਮਝੌਤਿਆਂ ਅਤੇ ਸਹਿਮਤੀ ਪੱਤਰਾਂ (MoU) ‘ਤੇ ਹਸਤਾਖਰ ਕੀਤੇ ਅਤੇ ਉਨ੍ਹਾਂ ਦਾ ਅਦਾਨ-ਪ੍ਰਦਾਨ ਕੀਤਾ। ਇਨ੍ਹਾਂ ਵਿੱਚ ਰੱਖਿਆ ਸਹਿਯੋਗ ‘ਤੇ ਸਹਿਮਤੀ ਪੱਤਰ, ਸੱਭਿਆਚਾਰਕ ਅਦਾਨ-ਪ੍ਰਦਾਨ ਪ੍ਰੋਗਰਾਮ, ਖੇਡਾਂ ਦੇ ਖੇਤਰ ਵਿੱਚ ਸਹਿਯੋਗ ‘ਤੇ ਕਾਰਜਕਾਰੀ ਪ੍ਰੋਗਰਾਮ ਅਤੇ ਕੁਵੈਤ ਦੇ ਅੰਤਰਰਾਸ਼ਟਰੀ ਸੂਰਜੀ ਗੱਠਜੋੜ ਵਿੱਚ ਸ਼ਾਮਲ ਹੋਣ ‘ਤੇ ਰੂਪਰੇਖਾ ਦਾ ਸਮਝੌਤਾ ਸ਼ਾਮਲ ਹਨ।

4. ਧਾਨ ਮੰਤਰੀ ਨੇ ਮਹਾਮਹਿਮ ਕੁਵੈਤ ਦੇ ਪ੍ਰਧਾਨ ਮੰਤਰੀ ਨੂੰ ਭਾਰਤ ਆਉਣ ਦਾ ਸੱਦਾ ਦਿੱਤਾ।.

**ਕੁਵੈਤ ਸ਼ਹਿਰ**

**22 ਦਸੰਬਰ, 2024**